# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 15-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਅਤੇ Axiom-4 ਮਿਸ਼ਨ ਦੇ ਤਿੰਨ ਹੋਰ ਮੈਂਬਰ, ਇਤਹਾਸਿਕ ਪੁਲਾੜ ਮਿਸ਼ਨ ਮਗਰੋਂ ਧਰਤੀ 'ਤੇ ਵਾਪਸ ਪਰਤੇ - ਪ੍ਰਧਾਨ ਮੰਤਰੀ ਅਤੇ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਨੇ ਦਿੱਤੀ ਵਧਾਈ ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ - ਸਿੱਖਿਆ 2047 ਤੱਕ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।
- ਪੰਜਾਬ ਵਿਧਾਨ ਸਭਾ ਵਲੋਂ ਪੰਜਾਬ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਰੋਕਥਾਮ ਬਿੱਲ, 2025 ਨੂੰ, ਸਲਾਹ-ਮਸ਼ਵਰਾ ਕਰਨ ਲਈ ਵਿਧਾਇਕਾਂ ਦੀ ਇੱਕ ਚੋਣ ਕਮੇਟੀ ਨੂੰ ਭੇਜਣ ਬਾਰੇ ਸਰਬਸੰਮਤੀ ਨਾਲ ਫੈਸਲਾ ।
- ਸਦਨ ਵਿਚ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਵੀ ਹੋਈ ਬਹਿਸ I

- -ਪੰਜਾਬ ਸਰਕਾਰ ਬਹੁ-ਪੱਖੀ ਪਹੁੰਚ ਅਪਣਾਉਂਦਿਆਂ ਅਵਾਰਾ ਪਸ਼ੂਆਂ ਦੇ ਹੱਲ ਲਈ, ਵਿਆਪਕ ਰਣਨੀਤੀ ਬਣਾਏਗੀ I ਅਤੇ
- ਸਕਿੱਲ ਇੰਡੀਆ ਮਿਸ਼ਨ ਅੱਜ ਆਪਣੀ 10ਵੀਂ ਵਰ੍ਹੇਗੰਢ ਮਨਾ ਰਿਹਾ ਏ।

---------------------------------------------------------------------------

ਭਾਰਤੀ ਪੁਲਾੜ ਯਾਤਰੀ ਸੁਭਾਂਸ਼ੂ ਸ਼ੁਕਲਾ ਅਤੇ ਐਕਸੀਓਮ-4 ਮਿਸ਼ਨ ਦੇ ਤਿੰਨ ਹੋਰ ਮੈਂਬਰ ਅੰਤਰ-ਰਾਸ਼ਟਰੀ ਪੁਲਾੜ ਸਟੇਸ਼ਨ ਦੇ ਆਪਣੇ ਇਤਿਹਾਸਕ 18 ਦਿਨਾਂ ਦੇ ਮਿਸ਼ਨ ਤੋਂ ਬਾਅਦ ਸੁਰੱਖਿਅਤ ਧਰਤੀ 'ਤੇ ਵਾਪਸ ਆ ਗਏ ਨੇ । ਸਪੇਸ-ਐਕਸ ਡਰੈਗਨ ਪੁਲਾੜ ਵਾਹਨ ਅੱਜ ਦੁਪਹਿਰ ਅਮਰੀਕਾ ਦੇ ਕੈਲੀਫੋਰਨੀਆ ਦੇ ਸੈਨ ਡਿਏਗੋ ਦੇ ਤੱਟ ਤੋਂ ਪ੍ਰਸ਼ਾਂਤ ਮਹਾਸਾਗਰ ਵਿੱਚ ਉਤਰਿਆ। ਹੁਣ ਚਾਲਕ ਦਲ ਧਰਤੀ ਦੀ ਗੁਰੂਤਾ ਖਿੱਚ ਦੇ ਅਨੁਕੂਲ ਹੋਣ ਲਈ ਸੱਤ ਦਿਨ ਨਿਗਰਾਨੀ ਹੇਠ ਰਹਿਣਗੇ । ਮਿਸ਼ਨ ਦੀ ਪੁਲਾੜ ਯਾਤਰਾ 25 ਜੂਨ ਨੂੰ ਸ਼ੁਰੂ ਹੋਈ ਸੀ, ਜਦੋਂ ਡਰੈਗਨ ਸਪੇਸ ਕੈਪਸੂਲ ਨੂੰ ਲੈ ਕੇ ਜਾਣ ਵਾਲਾ ਫਾਲਕਨ-9 ਰਾਕੇਟ ਫਲੋਰੀਡਾ ਤੋਂ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਲਈ ਰਵਾਨਾ ਹੋਇਆ ਸੀ। ਗਰੁੱਪ ਕੈਪਟਨ ਸ਼ੁਕਲਾ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ ਦਾ ਦੌਰਾ ਕਰਨ ਵਾਲੇ ਪਹਿਲੇ ਭਾਰਤੀ ਹਨ ਅਤੇ 1984 ਵਿੱਚ ਪੁਲਾੜ ਗਏ ਵਿੰਗ ਕਮਾਂਡਰ ਰਾਕੇਸ਼ ਸ਼ਰਮਾ ਤੋਂ ਬਾਅਦ ਦੂਜੇ ਭਾਰਤੀ ਪੁਲਾੜ ਯਾਤਰੀ ਨੇ ।

ਇਸ ਦੌਰਾਨ, ਸ਼ੁਭਾਂਸ਼ੂ ਸ਼ੁਕਲਾ ਨੇ ਖਾਸ ਸੂਖਮ-ਗੁਰੂਤਾ ਪ੍ਰਯੋਗ ਕੀਤੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਜਿਤੇਂਦਰ ਸਿੰਘ ਨੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਦੀ ਸਫਲ ਪੁਲਾੜ ਯਾਤਰਾ 'ਤੇ ਖੁਸ਼ੀ ਪ੍ਰਗਟ ਕੀਤੀ ਏ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ ਏ । ਸ੍ਰੀ ਮੋਦੀ ਨੇ ਕਿਹਾ ਕਿ ਦੇਸ਼ ਪੁਲਾੜ ਤੋਂ ਧਰਤੀ 'ਤੇ ਉਨ੍ਹਾਂ ਦੀ ਵਾਪਸੀ ਦਾ ਸਵਾਗਤ ਕਰਦਾ ਏ । ਉਨ੍ਹਾਂ ਕਿਹਾ ਕਿ ਇਸ ਯਾਤਰਾ ਦੌਰਾਨ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਦੇ ਸਮਰਪਣ ਅਤੇ ਹਿੰਮਤ ਦੀ ਭਾਵਨਾ ਨੇ ਲੱਖਾਂ ਲੋਕਾਂ ਨੂੰ ਪ੍ਰੇਰਿਤ ਕੀਤਾ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦੇਸ਼ ਦੇ ਮਨੁੱਖੀ ਪੁਲਾੜ ਉਡਾਣ ਮਿਸ਼ਨ - ਗਗਨਯਾਨ ਵੱਲ ਇੱਕ ਮੀਲ ਪੱਥਰ ਏ ।ਮੰਤਰੀ ਜਿਤੇਂਦਰ ਸਿੰਘ ਨੇ ਕਿਹਾ ਕਿ ਉਮੀਦ ਜਤਾਈ ਕਿ ਸ਼ੁਭਾਂਸ਼ੂ ਸ਼ੁਕਲਾ 17 ਅਗਸਤ ਨੂੰ ਘਰ ਵਾਪਸ ਆ ਜਾਣਗੇ।

---------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਭਾਰਤ ਦਾ ਰਾਸ਼ਟਰੀ ਟੀਚਾ ਇੱਕ ਵਿਸ਼ਵ-ਵਿਆਪੀ ਮਹਾਂਸ਼ਕਤੀ ਬਣਨਾ ਏ । ਉਨ੍ਹਾਂ ਕਿਹਾ ਕਿ ਦੇਸ਼ ਨੇ ਬੁਨਿਆਦੀ ਢਾਂਚੇ, ਸਿਹਤ ਸੰਭਾਲ, ਪੁਲਾੜ, ਵਿਗਿਆਨ ਅਤੇ ਤਕਨਾਲੋਜੀ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਹੋਰ ਖੇਤਰਾਂ ਵਿੱਚ ਬਹੁਤ ਤਰੱਕੀ ਕੀਤੀ ਏ । ਰਾਸ਼ਟਰਪਤੀ ਨੇ ਕਿਹਾ ਕਿ 2047 ਤੱਕ ਇੱਕ ਵਿਕਸਤ ਰਾਸ਼ਟਰ ਬਣਨ ਦੇ ਟੀਚੇ ਨੂੰ ਪ੍ਰਾਪਤ ਕਰਨ ਰਾਸ਼ਟਰ

ਨਿਰਮਾਣ ਅਤੇ ਭਾਰਤ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ , ਸਿੱਖਿਆ ਬਿਨਾਂ ਸ਼ੱਕ ਕੇਂਦਰੀ ਭੂਮਿਕਾ ਨਿਭਾਉਂਦੀ ਏ । ਅੱਜ ਕਟਕ ਵਿੱਚ ਰੇਵੇਨਸ਼ਾ ਯੂਨੀਵਰਸਿਟੀ ਦੇ 13ਵੇਂ ਕਨਵੋਕੇਸ਼ਨ ਵਿੱਚ ਬੋਲਦਿਆਂ ਰਾਸ਼ਟਰਪਤੀ ਮੁਰਮੂ ਨੇ ਕਿਹਾ ।BYTE:

------------------------------------------------------------------------

ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਏ ਕਿ ਪੰਜਾਬ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਰੋਕਥਾਮ ਬਿੱਲ, 2025 ਨੂੰ ਸਾਰੇ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕਰਨ ਲਈ ਵਿਧਾਇਕਾਂ ਦੀ ਇੱਕ ਚੋਣ ਕਮੇਟੀ ਨੂੰ ਭੇਜਿਆ ਜਾਵੇ । ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਵੱਖ-ਵੱਖ ਪਾਰਟੀਆਂ ਦੇ ਆਗੂਆਂ ਦੀ ਬਣੀ ਕਮੇਟੀ, ਬਿੱਲ 'ਤੇ ਜਨਤਕ ਸੁਝਾਅ ਇਕੱਠੇ ਕਰੇਗੀ ਅਤੇ 6 ਮਹੀਨਿਆਂ ਦੇ ਅੰਦਰ ਸਿਫ਼ਾਰਸ਼ਾਂ ਨਾਲ ਵਾਪਸ ਆਵੇਗੀ। ਵਿਧਾਨ ਸਭਾ ਇਜਲਾਸ ਦੇ ਆਖਰੀ ਦਿਨ ਬਿੱਲ 'ਤੇ ਬਹਿਸ ਤੋਂ ਬਾਅਦ ਇਹ ਫੈਸਲਾ ਲਿਆ ਗਿਆ, ਜਿਸਨੂੰ ਸੋਮਵਾਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਦਨ ਵਿੱਚ ਪੇਸ਼ ਕੀਤਾ ਸੀ। ਬਿੱਲ ਵਿੱਚ ਬੇਅਦਬੀ ਨਾਲ ਸਬੰਧਤ ਅਪਰਾਧਾਂ ਲਈ ਸਖ਼ਤ ਸਜ਼ਾਵਾਂ ਦੀ ਤਜਵੀਜ਼ ਏ । ਬਿੱਲ ਵਿੱਚ ਜ਼ਿਕਰ ਕੀਤੇ ਗਏ ਪਵਿੱਤਰ ਗ੍ਰੰਥ, ਸ੍ਰੀ ਗੁਰੂ ਗ੍ਰੰਥ ਸਾਹਿਬ, ਪੋਥੀਆਂ ਅਤੇ ਗੁਟਕਾ ਸਾਹਿਬ, ਭਗਵਦ ਗੀਤਾ, ਕੁਰਾਨ ਅਤੇ ਬਾਈਬਲ ਸ਼ਾਮਿਲ ਨੇ ।

ਇਸ ਮਗਰੋਂ ਨਸ਼ਿਆਂ ਦੇ ਖ਼ਾਤਮੇ ਬਾਰੇ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਵੀ ਬਹਿਸ ਕਰਨ ਦੀ ਸਪੀਕਰ ਵਲੋਂ ਇਜਾਜ਼ਤ ਦਿਤੀ ਗਈ I ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਤਹਿਤ ਵੇਰਵੇ ਸਾਂਝੇ ਕੀਤੇ IBYTE:

ਇਸ ਮਗਰੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ ਬਹਿਸ ਚ ਸ਼ਾਮਿਲ ਹੁੰਦਿਆਂ ਸਦਨ ਨੂੰ ਦਸਿਆ IBYTE:

---------------------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਅਵਾਰਾ ਪਸ਼ੂਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਇੱਕ ਵਿਆਪਕ ਰਣਨੀਤੀ ਤਿਆਰ ਕਰਨ ਵਾਸਤੇ ਵੱਖ-ਵੱਖ ਵਿਭਾਗਾਂ ਅਤੇ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰੇਗੀ। ਅੱਜ ਵਿਧਾਨ ਸਭਾ ਵਿੱਚ ਕੈਬਨਿਟ ਮੰਤਰੀ ਨੇ ਸਦਨ ਨੂੰ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਇੱਕ ਪ੍ਰਭਾਵਸ਼ਾਲੀ ਕਾਰਜ ਯੋਜਨਾ ਤਿਆਰ ਕਰਨ ਲਈ ਸਾਰੇ ਸਬੰਧਤ ਵਿਭਾਗਾਂ ਅਤੇ ਹਿੱਸੇਦਾਰਾਂ ਦਰਮਿਆਨ ਤਾਲਮੇਲ ਕਾਇਮ ਕਰਨ ਸਬੰਧੀ ਯਤਨਾਂ ਦੀ ਅਗਵਾਈ ਕਰੇਗਾ। ਉਨ੍ਹਾਂ ਨੇ ਇਸ ਮੁੱਦੇ ਨੂੰ ਹੱਲ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਨੇ ਪਹਿਲਾਂ ਹੀ

ਜਾਨਵਰਾਂ ਪ੍ਰਤੀ ਬੇਰਹਿਮੀ ਬਾਰੇ ਰੋਕਥਾਮ ਐਕਟ ਦੇ ਸੋਧ ਬਿੱਲ 'ਤੇ ਬਹਿਸ ਦੌਰਾਨ ਇਸ ਮੁੱਦੇ ਸਬੰਧੀ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ ਸੀ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਵਿਭਾਗ ਨੇ ਪਹਿਲਾਂ ਹੀ "ਪੰਜਾਬ ਮੁਆਵਜ਼ਾ ਟੂ ਵਿਕਟਿਮਜ਼ ਆਫ਼ ਐਨੀਮਲ ਅਟੈਕ ਐਂਡ ਐਕਸੀਡੈਂਟਸ ਪਾਲਿਸੀ, 2023" ਲਾਗੂ ਕੀਤੀ ਹੋਈ ਏ  ਜਿਸ ਤਹਿਤ ਅਵਾਰਾ ਪਸ਼ੂਆਂ ਦੇ ਹਮਲਿਆਂ ਕਾਰਨ ਮਾਰੇ ਜਾਣ ਵਾਲੇ ਜਾਂ ਸਥਾਈ ਦਿਵੀਅਗ ਹੋਏ ਲੋਕਾਂ ਦੇ ਪਰਿਵਾਰਾਂ ਨੂੰ ਵਿੱਤੀ ਰਾਹਤ ਪ੍ਰਦਾਨ ਕਰਨ ਦਾ ਉਪਬੰਧ ਏ । ਇਹ ਮੁਆਵਜ਼ਾ ਸਬੰਧਤ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠਲੀ ਕਮੇਟੀ ਦੁਆਰਾ ਵੰਡਿਆ ਜਾਂਦਾ ਏ ।  ਕੈਬਨਿਟ ਮੰਤਰੀ ਨੇ ਕਿਹਾ ਕਿ  ਇਸ ਵੇਲੇ 2 ਲੱਖ ਤੋਂ ਵੱਧ ਅਵਾਰਾ ਪਸ਼ੂ 518 ਰਜਿਸਟਰਡ ਗਊਸ਼ਾਲਾਵਾਂ ਵਿੱਚ ਰੱਖੇ ਗਏ ਹਨ। ਉਨ੍ਹਾਂ ਦੱਸਿਆ ਕਿ ਪੇਂਡੂ ਵਿਕਾਸ ਅਤੇ ਪੰਚਾਇਤੀ ਰਾਜ ਵਿਭਾਗ ਦੁਆਰਾ 20 ਸਰਕਾਰੀ ਪਸ਼ੂ ਵਾੜਿਆਂ ਵਿੱਚ 77 ਪਸ਼ੂ ਸ਼ੈੱਡ ਬਣਾਏ ਗਏ ਹਨ। ਇਸ ਦੇ ਨਾਲ ਹੀ ਸ਼ਹਿਰੀ ਸਥਾਨਕ ਸੰਸਥਾਵਾਂ ਦੁਆਰਾ ਆਪਣੇ ਪੱਧਰ ‘ਤੇ 10 ਵਾਧੂ ਗਊਸ਼ਾਲਾਵਾਂ ਚਲਾਈਆਂ ਜਾ ਰਹੀਆਂ ਹਨ।  ਕੈਬਨਿਟ ਮੰਤਰੀ ਨੇ ਕਿਹਾ ਕਿ ਅਵਾਰਾ ਪਸ਼ੂਆਂ ਦੀ ਸਮੱਸਿਆ ਦੇ ਟਿਕਾਊ ਹੱਲ ਨੂੰ ਯਕੀਨੀ ਬਣਾਉਣ ਸਰਕਾਰ ਵੱਲੋਂ ਬਹੁ-ਪੱਖੀ ਪਹੁੰਚ ਅਪਨਾਉਂਦਿਆਂ ਮਾਹਿਰਾਂ, ਪਸ਼ੂ ਭਲਾਈ ਸੰਗਠਨਾਂ ਅਤੇ ਪ੍ਰਸ਼ਾਸਨਿਕ ਵਿਭਾਗਾਂ ਨਾਲ ਤਾਲਮੇਲ ਜ਼ਰੀਏ ਕੰਮ ਕੀਤਾ ਜਾ ਰਿਹਾ ਏ ।

-------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਡੇਰਾ ਬੱਸੀ ਹਲਕੇ ਦੇ ਪਿੰਡ ਟਿਵਾਣਾ ਨੇੜੇ ਘੱਗਰ ਨੂੰ ਚੌੜਾ ਕਰਨ ਅਤੇ ਇਸ ਦੇ ਬੰਨ੍ਹ ਨੂੰ ਮਿੱਟੀ ਪਾ ਕੇ ਮਜ਼ਬੂਤ ਕਰਨ ਦੀ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਏ । ਵਿਧਾਨ ਸਭਾ ਹਲਕਾ ਡੇਰਾ ਬੱਸੀ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਵਲੋਂ ਵਿਧਾਨ ਸਭਾ ਵਿਚ ਪੇਸ਼ ਕੀਤੇ ਗਏ ਧਿਆਨ ਦਿਵਾਊ ਮਤੇ ਦਾ ਜਵਾਬ ਦਿੰਦਿਆਂ ਜਲ ਸਰੋਤ ਮੰਤਰੀ ਨੇ ਦੱਸਿਆ ਕਿ ਸਾਲ 2023 ਵਿੱਚ ਆਈ ਭਾਰੀ ਬਰਸਾਤ ਕਾਰਨ, ਪਿੰਡ ਟਿਵਾਣਾ ਵਿਖੇ ਘੱਗਰ ਦਰਿਆ ਵਿੱਚ ਪਾਣੀ ਦਾ ਪੱਧਰ ਬਹੁਤ ਵੱਧ ਗਿਆ ਸੀ , ਜਿਸ ਉਪਰੰਤ ਵਿਭਾਗ ਵਲੋਂ  ਇਸ ਦੇ ਪਿੱਛੇ ਮਿੱਟੀ ਦੀ ਭਰਤੀ ਕਰਦੇ ਹੋਏ ਬੰਨ੍ਹ ਬਣਾਇਆ ਗਿਆ ਸੀ। ਉਨ੍ਹਾਂ ਦੱਸਿਆ ਇਸ ਕੰਮ ਨੂੰ ਕਰਨ ਲਈ ਵਿਭਾਗ ਵਲੋਂ 5 ਕਰੋੜ  6 ਲਖ ਦਾ ਖਰਚਾ ਕੀਤਾ ਗਿਆ ਸੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਘੱਗਰ ਦਰਿਆ ਦੇ ਸੱਜੇ ਪਾਸੇ ਪਿੰਡ ਟਿਵਾਣਾ ਵਿੱਚ ਘੱਗਰ ਨੂੰ ਚੌੜਾ ਕਰਨ ਅਤੇ ਇਸ ਮਿੱਟੀ ਨੂੰ ਬੈਂਕ ਦੇ ਖੱਬੇ ਪਾਸੇ ਪਾ ਕੇ ਬੈਂਕ ਨੂੰ ਚੌੜਾ/ਮਜ਼ਬੂਤ ਕਰਨ ਲਈ ਤਜਵੀਜ਼ ਵੀ ਵਿਚਾਰ ਅਧੀਨ ਏ । ਉਨ੍ਹਾਂ ਦੱਸਿਆ ਕਿ ਤਜਵੀਜ਼ ਅਨੁਸਾਰ ਇਹ ਕੰਮ ਵਿਭਾਗ ਵੱਲੋਂ ਲਗਭਗ 11 ਲੱਖ ਰੁਪਏ ਦੀ ਲਾਗਤ ਨਾਲ ਤੁਰੰਤ ਪ੍ਰਭਾਵ ਨਾਲ ਕਰਵਾਇਆ ਜਾਵੇਗਾ।

-----------------------------------------------------------------------

ਸਕਿੱਲ ਇੰਡੀਆ ਮਿਸ਼ਨ ਅੱਜ ਆਪਣੀ 10ਵੀਂ ਵਰ੍ਹੇਗੰਢ ਮਨਾ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 2015 ਵਿੱਚ, ਇਸ ਯੋਜਨਾ ਦੀ ਸ਼ੁਰੂਆਤ ਕੀਤੀ ਸੀ, ਜਿਸਦਾ ਉਦੇਸ਼ ਨੌਜਵਾਨਾਂ ਨੂੰ ਰੁਜ਼ਗਾਰ, ਉੱਦਮਤਾ ਅਤੇ ਨਿਰੰਤਰ ਰਹਿਣਯੋਗ ਰੋਜ਼ੀ-ਰੋਟੀ ਲਈ, ਉਦਯੋਗ ਨਾਲ ਸਬੰਧਤ ਹੁਨਰ ਪ੍ਰਦਾਨ ਕਰਨਾ ਏ। ਹੁਨਰ ਵਿਕਾਸ ਅਤੇ ਉੱਦਮਤਾ ਮੰਤਰੀ, ਜਯੰਤ ਚੌਧਰੀ ਨੇ ਵੱਖ-ਵੱਖ ਖੇਤਰਾਂ ਵਿੱਚ ਵਿਹਾਰਕ, ਰੁਜ਼ਗਾਰ ਯੋਗ ਹੁਨਰਾਂ ਰਾਹੀਂ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ, ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਪੰਜਾਬ ਦੇ ਹੁਨਰ ਅਤੇ ਰੁਜ਼ਗਾਰ ਉਤਪਤੀ ਵਿਭਾਗ ਦੇ ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆ ਨੇ ਸਕਿੱਲ ਇੰਡੀਆ ਤਹਿਤ ਵੱਖ ਵੱਖ ਯੋਜਨਾਵਾਂ ਬਾਰੇ ਜਾਕਾਰੀ ਦਿੱਤੀ । BYTE:RNU150725

-----------------------------------------------------------------------

ਰਾਸ਼ਟਰੀ  ਕੈਡੇਟ ਕੋਰ ਅੱਜ ਆਪਣਾ 77ਵਾਂ ਸਥਾਪਨਾ ਦਿਵਸ ਮਨਾ ਰਿਹਾ ਏ । ਇਸਦੀ ਸਥਾਪਨਾ ਨੌਜਵਾਨਾਂ ਵਿੱਚ ਚਰਿੱਤਰ ਨਿਰਮਾਣ, ਭਾਈਚਾਰਾ, ਸੇਵਾ ਦੇ ਆਦਰਸ਼ਾਂ ਅਤੇ ਲੀਡਰਸ਼ਿਪ ਗੁਣਾਂ ਨੂੰ ਵਿਕਸਤ ਕਰਨ ਦੇ ਉਦੇਸ਼ ਨਾਲ ਕੀਤੀ ਗਈ ਸੀ । ਐਨ.ਸੀ.ਸੀ. ਕੈਡਿਟਾਂ ਨੂੰ ਦੇਸ਼ ਦੀਆਂ ਹਥਿਆਰਬੰਦ ਸੈਨਾਵਾਂ ਨਾਲ ਸਹਿਯੋਗ ਕਰਨ ਲਈ ਵੀ ਸਿਖਲਾਈ ਦਿੱਤੀ ਜਾਂਦੀ ਏ ।

------------------------------------------------------------------------

ਪੰਜਾਬ ਸਕੂਲ ਸਿੱਖਿਆ ਬੋਰਡ ਨੇ ਐਲਾਨ ਕੀਤਾ ਏ ਕਿ ਕੇਂਦਰੀ ਸਿੱਖਿਆ ਮੰਤਰਾਲੇ ਦੇ ਪ੍ਰੋਗਰਾਮ 'ਪਰਖ' PARAKH (NCERT ਦੇ ਰਾਸ਼ਟਰੀ ਮੁਲਾਂਕਣ ਕੇਂਦਰ) ਨਾਲ ਮਿਲ ਕੇ ਰਾਸ਼ਟਰੀ ਪ੍ਰਸ਼ਨ ਬੈਂਕ ਵਿੱਚ ਪੰਜਾਬ ਵੱਲੋਂ ਵੀ ਉੱਚ-ਮਿਆਰੀ ਅਤੇ ਕਾਬਲੀਅਤ-ਆਧਾਰਤ ਪ੍ਰਸ਼ਨ ਸ਼ਾਮਲ ਕੀਤੇ ਜਾਣਗੇ। ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਅਗਲੀ ਪੀੜ੍ਹੀ ਲਈ ਸਿੱਖਿਆ ਢਾਂਚੇ ਸਬੰਧੀ ਮੁੜ ਵਿਚਾਰਾਂ" ਵਿਸ਼ੇ ਉੱਤੇ ਕਰਵਾਏ ਗਏ ਰਾਸ਼ਟਰੀ ਸੰਮੇਲਨ ਦੌਰਾਨ ਇਹ ਜਾਣਕਾਰੀ ਦਿਤੀ।ਊਨਾ ਕਿਹਾ ਕਿ ਹੁਣ ਇਮਤਿਹਾਨਾਂ ਵਿੱਚ ਵਿਦਿਆਰਥੀਆਂ ਦੀ ਯਾਦ ਸ਼ਕਤੀ ਦੇ ਨਾਲ-ਨਾਲ, ਉਹਨਾਂ ਦੀ ਸੋਚਣ ਦੀ ਯੋਗਤਾ, ਸਮੱਸਿਆ ਹੱਲ ਕਰਨ ਦੀ ਸਮਰੱਥਾ ਅਤੇ ਖੋਜਕਾਰੀ ਤਬੀਅਤ ਨੂੰ ਉਚੇਚੀ ਅਹਿਮੀਅਤ ਦਿੱਤੀ ਜਾਵੇਗੀ। ਇਹ ਨੈਸ਼ਨਲ ਪ੍ਰਸ਼ਨ ਬੈਂਕ NEET, CUET, JEE ਅਤੇ ਮੁਕਾਬਲਿਆਂ ਦੀਆਂ ਹੋਰ ਪ੍ਰੀਖਿਆਵਾਂ ਲਈ ਸਵਾਲ ਉਪਲੱਬਧ ਕਰਵਾਏਗਾ ਜਿਸ ਨਾਲ ਪੰਜਾਬ ਦੇ ਵਿਦਿਆਰਥੀਆਂ ਦੀ ਤਿਆਰੀ ਹੋਰ ਵਧੀਆ ਹੋ ਸਕੇਗੀ।

------------------------------------------------------------------------

ਤਰਨ ਤਾਰਨ ਦੇ ਸਿਵਲ ਸਰਜਨ ਡਾ ਗੁਰਪ੍ਰੀਤ ਸਿੰਘ ਰਾਏ ਦੀ ਪ੍ਰਧਾਨਗੀ ਹੇਠ ਸਿਵਲ ਸਰਜਨ ਦਫਤਰ ਅਤੇ ਸਰਕਾਰੀ ਹਸਪਤਾਲ

ਵਿਖੇ 'ਨਾਨਕ ਬਾਗ਼ੀਚੀ' ਮੁਹਿੰਮ ਤਹਿਤ ਵੱਖ ਵੱਖ ਕਿਸਮਾਂ ਦੇ ਬੂਟੇ ਲਗਾਏ ਗਏ। ਸਿਵਲ ਸਰਜਨ ਡਾ ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਸਿਹਤ ਵਿਭਾਗ ਵਲੋਂ ਜ਼ਿਲੇ ਦੀਆਂ ਸਿਹਤ ਸੰਸਥਾਵਾਂ ਵਿੱਚ ਇਸ ਮੁਹਿੰਮ ਤਹਿਤ ਬੂਟੇ ਲਗਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਵਿਅਕਤੀ ਦੇ ਚੰਗੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਵਾਤਾਵਰਨ ਦਾ ਸਾਫ ਸੁਥਰਾ ਹੋਣਾ ਬਹੁਤ ਲਾਜ਼ਮੀ ਹੈ।

---

- ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਅਤੇ Axiom-4 ਮਿਸ਼ਨ ਦੇ ਤਿੰਨ ਹੋਰ ਮੈਂਬਰ, ਇਤਹਾਸਿਕ ਪੁਲਾੜ ਮਿਸ਼ਨ ਮਗਰੋਂ ਧਰਤੀ 'ਤੇ ਵਾਪਸ ਪਰਤੇ - ਪ੍ਰਧਾਨ ਮੰਤਰੀ ਅਤੇ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਨੇ ਦਿੱਤੀ ਵਧਾਈ ।
- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ - ਸਿੱਖਿਆ 2047 ਤੱਕ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।
- ਪੰਜਾਬ ਵਿਧਾਨ ਸਭਾ ਵਲੋਂ ਪੰਜਾਬ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਰੋਕਥਾਮ ਬਿੱਲ, 2025 ਨੂੰ, ਸਲਾਹ-ਮਸ਼ਵਰਾ ਕਰਨ

ਲਈ ਵਿਧਾਇਕਾਂ ਦੀ ਇੱਕ ਚੋਣ ਕਮੇਟੀ ਨੂੰ ਭੇਜਣ ਬਾਰੇ ਸਰਬਸੰਮਤੀ ਨਾਲ ਫੈਸਲਾ ।

- ਸਦਨ ਵਿਚ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਵੀ ਹੋਈ ਬਹਿਸ I
- -ਪੰਜਾਬ ਸਰਕਾਰ ਬਹੁ-ਪੱਖੀ ਪਹੁੰਚ ਅਪਣਾਉਂਦਿਆਂ ਅਵਾਰਾ ਪਸ਼ੂਆਂ ਦੇ ਹੱਲ ਲਈ, ਵਿਆਪਕ ਰਣਨੀਤੀ ਬਣਾਏਗੀ I ਅਤੇ
- ਸਕਿੱਲ ਇੰਡੀਆ ਮਿਸ਼ਨ ਅੱਜ ਆਪਣੀ 10ਵੀਂ ਵਰ੍ਹੇਗੰਢ ਮਨਾ ਰਿਹਾ ਏ।